ਡਾ. ਅੰਬੇਡਕਰ ਦੇ ਸੰਵਿਧਾਨ ਦੀ ਰਾਖੀ ਲਈ ਕਾਂਗਰਸ ਦੇ ਹੱਥ ਮਜ਼ਬੂਤ ਕਰਨਾ ਜ਼ਰੂਰੀ-ਧਾਲੀਵਾਲ

ਫਗਵਾੜਾ, 27 ਨਵੰਬਰ (ਹਰਜੋਤ ਸਿੰਘ ਚਾਨਾ)-ਕਾਂਗਰਸ ਪਾਰਟੀ ਵਲੋਂ ਅੱਜ ਭਾਰਤੀ ਸੰਵਿਧਾਨ ਨੂੰ ਸੰਸਦ ਵਲੋਂ ਅਪਣਾਏ ਜਾਣ ਦੀ 76ਵੀਂ ਵਰ੍ਹੇਗੰਢ ਮੌਕੇ ਜ਼ਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ

ਕਾਂਗਰਸ ਪਾਰਟੀ ਨੇ ਫਗਵਾੜਾ 'ਚ ਮਨਾਇਆ 'ਸੰਵਿਧਾਨ ਬਚਾਓ' ਦਿਵਸ

ਵਿਧਾਇਕ ਫਗਵਾੜਾ ਦੀ ਅਗਵਾਈ ਹੇਠ 'ਸੰਵਿਧਾਨ ਬਚਾਓ' ਦਿਵਸ ਮਨਾਇਆ ਗਿਆ। ਇਸ ਦੌਰਾਨ ਵੱਡੀ ਗਿਣਤੀ 'ਚ ਵਰਕਰਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਕਪੂਰਥਲਾ ਦੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ ਨੇ ਦੱਸਿਆ ਕਿ ਡਾ. ਬੀ.ਆਰ. ਅੰਬੇਡਕਰ ਦੀ ਸਖ਼ਤ ਮਿਹਨਤ ਸਦਕਾ ਆਜ਼ਾਦੀ ਤੋਂ ਬਾਅਦ ਤਿਆਰ ਹੋਏ ਭਾਰਤੀ ਸੰਵਿਧਾਨ ਨੂੰ ਦੇਸ਼ ਦੀ ਸੰਸਦ ਵਲੋਂ 26 ਨਵੰਬਰ 1949 ਨੂੰ ਅਪਣਾਇਆ ਗਿਆ ਸੀ। ਇਸ ਲਈ ਅੱਜ ਦੇ ਦਿਨ ਨੂੰ ਸੰਵਿਧਾਨ ਦਿਵਸ ਵਜੋਂ ਯਾਦ ਕੀਤਾ ਜਾਂਦਾ ਹੈ, ਪਰ ਇਸ ਸਮੇਂ ਦੇਸ਼ ਦੀ ਸੱਤਾ ਜਿਸ ਜਮਾਤ ਦੇ ਹੱਥਾਂ 'ਚ ਹੈ, ਉਹ ਸੰਵਿਧਾਨ ਨੂੰ ਬਦਲਣ ਵਾਲੀ ਮਾਨਸਿਕਤਾ ਰੱਖਦੀ ਹੈ। ਇਸ ਲਈ ਕਾਂਗਰਸ ਪਾਰਟੀ ਅੱਜ ਦੇਸ਼ ਭਰ ਵਿਚ 'ਸੰਵਿਧਾਨ ਬਚਾਓ' ਦਿਵਸ ਮਨਾਉਣ ਲਈ ਮਜਬੂਰ ਹੋਈ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੇਸ਼ ਦੇ ਸੰਵਿਧਾਨ ਨੂੰ ਬਦਲਣ ਦੀ ਕਿਸੇ ਵੀ ਕੋਸ਼ੀ ਸਾਜ਼ਿਸ਼ ਨੂੰ ਸਫਲ ਨਹੀਂ ਹੋਣ ਦੇਵੇਗੀ। ਇਸ ਮੌਕੇ ਰਮੇਸ਼ ਡਡਵਿੰਡੀ, ਸ਼ਹਿਰੀ ਪ੍ਰਧਾਨ ਤਰਨਜੀਤ ਸਿੰਘ ਬੰਟੀ ਵਾਲੀਆ ਕੌਂਸਲਰ, ਦਿਹਾਤੀ ਪ੍ਰਧਾਨ ਫਗਵਾੜਾ ਬਲਾਕ ਸੰਮਤੀ ਫਗਵਾੜਾ, ਗੁਰਜੀਤ ਪਾਲ ਵਾਲੀਆ ਡੈਲੀਗੇਟ ਮੈਂਬਰ ਪੰਜਾਬ, ਜਗਪਾਲ ਸਿੰਘ ਨੀਟਾ ਜਗਪਾਲਪੁਰ, ਗੁਰਦਿਆਲ ਸਿੰਘ ਸਾਬਕਾ ਚੇਅਰਮੈਨ ਜਗਜੀਵਨ ਲਾਲ ਸਾਬਕਾ ਉਪ ਚੇਅਰਮੈਨ ਮਾਰਕੀਟ ਕਮੇਟੀ ਫਗਵਾੜਾ, ਸਰਜੀਵਨ ਲਤਾ ਸਾਬਕਾ ਮਹਿਲਾ ਕਾਂਗਰਸ ਪ੍ਰਧਾਨ ਜ਼ਿਲ੍ਹਾ ਕਪੂਰਥਲਾ ਤੋਂ ਇਲਾਵਾ ਸੀਨੀਅਰ ਆਗੂ ਵਿਨੋਦ ਵਰਮਾਨੀ, ਤੁਲਸੀ ਰਾਮ ਖੋਸਲਾ, ਸੁਰਜੀਤ ਖੇੜਾ, ਸੰਜੀਵ ਟੀਟੂ, ਇੰਸਪੈਕਟਰ ਬਿਕਰਮ ਸਿੰਘ, ਇੰਸਪੈਕਟਰ ਨਰਿੰਦਰ ਸਿੰਘ, ਸੌਰਵ ਜੋਸ਼ੀ, ਸ਼ੈਫੀ ਚੱਢਾ, ਜੋਏ ਉੱਪਲ ਆਦਿ ਸ਼ਾਮਿਲ ਸਨ।

ਕਾਂਗਰਸ ਪਾਰਟੀ ਵਲੋਂ ਮਨਾਏ ਗਏ ਸੰਵਿਧਾਨ ਬਚਾਓ ਦਿਵਸ ਦੀਆਂ ਤਸਵੀਰਾਂ। ਤਸਵੀਰ: ਚਾਨਾ

ਐਸ.ਸੀ.ਐਸ.ਟੀ. ਐਸੋਸੀਏਸ਼ਨ ਰੇਲ ਕੋਚ ਫ਼ੈਕਟਰੀ ਵਲੋਂ ਕਰਵਾਏ ਗਏ ਸਨਮਾਨ ਸਮਾਗਮ ਦੌਰਾਨ ਸਨਮਾਨਿਤ ਸ਼ਖ਼ਸੀਅਤਾਂ ਨਾਲ ਪ੍ਰਧਾਨ ਜੀਤ ਸਿੰਘ ਤੇ ਹੋਰ। ਤਸਵੀਰ: ਸੋਢੀ

ਐਸ.ਸੀ.ਐਸ.ਟੀ. ਐਸੋਸੀਏਸ਼ਨ ਵਲੋਂ ਸੰਵਿਧਾਨ ਦਿਵਸ ਤੇ ਸੇਵਾ ਮੁਕਤ ਹੋਣ ਵਾਲੇ ਸਾਥੀਆਂ ਦਾ ਸਨਮਾਨ

ਹੁਸੈਨਪੁਰ, 27 ਨਵੰਬਰ (ਤਰਲੋਚਨ ਸਿੰਘ ਸੋਢੀ)-ਆਲ ਇੰਡੀਆ ਐਸ.ਸੀ.ਐਸ.ਟੀ. ਰੇਲਵੇ ਇੰਪਲਾਈਜ਼ ਐਸੋਸੀਏਸ਼ਨ ਰੇਲ ਕੋਚ ਫ਼ੈਕਟਰੀ ਵਲੋਂ ਸੰਵਿਧਾਨ ਦਿਵਸ ਨੂੰ ਸਮਰਪਿਤ ਇਕ ਵਿਸ਼ੇਸ਼ ਪ੍ਰਭਾਵਸ਼ਾਲੀ ਪ੍ਰੋਗਰਾਮ ਕਰਵਾਇਆ ਗਿਆ, ਜਿਸ ਦੀ ਪ੍ਰਧਾਨਗੀ ਜ਼ੋਨਲ ਪ੍ਰਧਾਨ ਇੰਜੀਨੀਅਰ ਜੀਤ ਸਿੰਘ, ਜ਼ੋਨਲ ਸੈਕਟਰੀ ਆਰ.ਸੀ. ਮੀਣਾ ਕਾਰਜਕਾਰੀ ਪ੍ਰਧਾਨ ਸੋਹਣ ਬੈਠਾ ਅਤੇ ਐਡੀਸ਼ਨਲ ਸਕੱਤਰ ਦੇਸ ਰਾਜ ਆਦਿ ਨੇ ਸਾਂਝੇ ਤੌਰ 'ਤੇ ਕੀਤੀ। ਇਸ ਦੌਰਾਨ ਇੰਜੀਨੀਅਰ ਜੀਤ ਸਿੰਘ ਨੇ ਦੱਸਿਆ ਕਿ ਬਾਬਾ ਸਾਹਿਬ ਦੁਆਰਾ ਲਿਖੇ ਗਏ ਸੰਵਿਧਾਨ ਦੀ ਬਦੌਲਤ ਹੀ ਅੱਜ ਅਸੀਂ ਸਾਰੇ ਸਮਾਜ ਵਿਚ ਬਰਾਬਰਤਾ ਦਾ ਆਨੰਦ ਮਾਣ ਰਹੇ ਹਾਂ ਤੇ ਖ਼ਾਸ ਕਰ ਔਰਤਾਂ ਜਿਨ੍ਹਾਂ ਨੂੰ ਸੰਵਿਧਾਨ ਬਣਨ ਤੋਂ ਪਹਿਲਾਂ ਪੜ੍ਹਨ ਲਿਖਣ, ਵੋਟ ਪਾਉਣ ਤੇ ਨਾ ਹੀ ਕਿਸੇ ਜਾਇਦਾਦ ਵਿਚ ਹੱਕ ਅਧਿਕਾਰ ਨਹੀਂ ਸੀ। ਅੱਜ ਉਹੀ ਔਰਤਾਂ ਸੰਵਿਧਾਨ ਦੀ ਬਦੌਲਤ ਪੜ੍ਹ ਲਿਖ ਕੇ ਉੱਚ ਅਹੁਦਿਆਂ ਤੇ ਬਿਰਾਜਮਾਨ ਹਨ। ਇਸ ਮੌਕੇ ਤੇ

ਸੰਵਿਧਾਨ ਦੀ ਬਦੌਲਤ ਅੱਜ ਅਸੀਂ ਬਰਾਬਰਤਾ ਦਾ ਨਿੱਘ ਮਾਣ ਰਹੇ ਹਾਂ-ਇੰਜ. ਜੀਤ ਸਿੰਘ

ਐਸ.ਸੀ.ਐਸ.ਟੀ. ਐਸੋਸੀਏਸ਼ਨ ਦੇ ਪ੍ਰਾਇਮਰੀ ਮੈਂਬਰ ਜੋ ਕਿ ਨਵੰਬਰ ਮਹੀਨੇ ਸੇਵਾ ਮੁਕਤ ਹੋ ਰਹੇ ਹਨ ਉਨ੍ਹਾਂ ਨੂੰ ਇਸ ਇਤਿਹਾਸਿਕ ਦਿਨ ਤੇ ਪਰਿਵਾਰਾਂ ਸਮੇਤ ਨਿੱਘੀ ਵਿਦਾਇਗੀ ਅਤੇ ਸਨਮਾਨਿਤ ਕੀਤਾ ਗਿਆ। ਆਰ. ਸੀ ਮੀਣਾ ਅਤੇ ਸੋਹਣ ਬੈਠਾ ਨੇ ਆਪਣੇ ਭਾਸ਼ਣ ਵਿਚ ਕਿਹਾ ਕਿ ਸਾਰੇ ਸੇਵਾ ਮੁਕਤ ਸਾਥੀਆਂ ਨੂੰ ਆਪਣੀ ਡਿਊਟੀ ਤੋਂ ਸੇਵਾ ਮੁਕਤੀ ਤੋਂ ਬਾਅਦ ਵਿਚ ਸਮਾਜ ਦੇ ਉਨ੍ਹਾਂ ਪਛੜੇ ਲੋਕਾਂ ਲਈ ਇੱਕਜੁੱਟ ਹੋ ਜਾਣਾ ਚਾਹੀਦਾ ਹੈ ਤਾਂ ਜੋ ਉਹ ਬਰਾਬਰਤਾ ਦਾ ਨਿੱਘ ਮਾਣ ਸਕਣ, ਤਾਂ ਹੀ ਸਾਡੇ ਪੁਰਖਿਆਂ ਦਾ ਸੁਪਨਾ ਸਕਾਰ ਹੋ ਸਕਦਾ ਹੈ। ਇਸ ਮੌਕੇ ਐਸੋਸੀਏਸ਼ਨ ਦੇ ਅਹੁਦੇਦਾਰਾਂ ਵਿਚ ਲਖਨ ਪਾਹਨ, ਦਿਨੇਸ਼ ਕੁਮਾਰ, ਨੀਰਜ ਕੁਮਾਰ, ਜਗਜੀਵਨ ਰਾਮ, ਕਸ਼ਮੀਰ ਸਿੰਘ ਅਤੇ ਹੋਰ ਵੱਡੀ ਗਿਣਤੀ ਵਿਚ ਵਿਚ ਸਾਥੀਆਂ ਨੇ ਸ਼ਮੂਲੀਅਤ ਕੀਤੀ। ਸੇਵਾ ਮੁਕਤ ਹੋਣ ਵਾਲੇ ਸੁਦੇਸ਼ ਕੁਮਾਰ, ਰਘਬੀਰ ਸਿੰਘ, ਹਰਾਧਨ ਮੁਰਮੂ, ਅਵਤਾਰ ਸਿੰਘ, ਰਣਜੀਤ ਸਿੰਘ, ਗਿਰਧਾ ਸੁਲੇਮਾਨ, ਸੁਖਵੰਤ ਸਿੰਘ, ਸੋਮਨਾਥ, ਨਿਤਿਨ ਮਾਂਜੀ ਆਦਿ ਨੇ ਪਰਿਵਾਰਾਂ ਸਮੇਤ ਇਸ ਸਨਮਾਨ ਸਮਾਰੋਹ ਵਿਚ ਸ਼ਮੂਲੀਅਤ ਕੀਤੀ।

ਪੈਸਿਆਂ ਦੇ ਲੈਣ-ਦੇਣ ਨੂੰ ਲੈ ਕੇ ਗੁਆਂਢੀਆਂ ਵਲੋਂ ਪਤੀ-ਪਤਨੀ ਦੀ ਕੁੱਟਮਾਰ

ਕੁੱਟਮਾਰ ਕਾਰਨ ਜ਼ਖ਼ਮੀ ਹੋਏ ਪਤੀ-ਪਤਨੀ ਸਿਵਲ ਹਸਪਤਾਲ 'ਚ ਜ਼ੇਰੇ ਇਲਾਜ। ਤਸਵੀਰ: ਤਿਲਕਰਾਜ

ਕਪੂਰਥਲਾ, 27 ਨਵੰਬਰ (ਅਮਨਜੋਤ ਸਿੰਘ ਵਾਲੀਆ)-ਪਿੰਡ ਬੂਟਾਂ ਵਿਖੇ ਪੈਸਿਆਂ ਦੇ ਲੈਣ ਦੇਣ ਨੂੰ ਲੈ ਕੇ ਗੁਆਂਢੀਆਂ ਵਲੋਂ ਘਰ 'ਚ ਵੜ੍ਹ ਕੇ ਪਤੀ-ਪਤਨੀ ਦੀ ਕੁੱਟਮਾਰ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਜਿਨ੍ਹਾਂ ਨੂੰ ਪਰਿਵਾਰਕ ਮੈਂਬਰਾਂ ਨੇ ਇਲਾਜ ਲਈ ਸਿਵਲ ਹਸਪਤਾਲ ਦਾਖਲ ਕਰਵਾਇਆ। ਜ਼ੇਰੇ ਇਲਾਜ ਜਸਵੰਤ ਸਿੰਘ ਵਾਸੀ ਬੂਟਾਂ ਨੇ ਦੱਸਿਆ ਕਿ ਉਸਦੇ ਗੁਆਂਢੀਆਂ ਨੇ ਕੁੱਝ ਪੈਸੇ ਉਸਤੋਂ ਉਧਾਰ ਲਏ ਸਨ। ਜਦੋਂ ਉਸਨੇ ਅੱਜ ਆਪਣੇ ਪੈਸੇ ਮੰਗੇ ਤਾਂ ਉਸ ਦੇ ਗੁਆਂਢੀਆਂ ਨੇ ਸਾਡੇ ਘਰ ਵਿਚ ਵੜ੍ਹ ਕੇ ਮੇਰੀ ਤੇ ਮੇਰੀ ਪਤਨੀ ਬੱਗੋ ਦੀ ਕੁੱਟਮਾਰ ਕੀਤੀ ਜਿਸ ਕਾਰਨ ਅਸੀਂ ਦੋਵੇਂ ਜ਼ਖ਼ਮੀ ਹੋ ਗਏ। ਜਿਨ੍ਹਾਂ ਦਾ ਇਲਾਜ ਸਿਵਲ ਹਸਪਤਾਲ ਵਿਚ ਡਿਊਟੀ ਡਾ. ਸਾਹਿਲ ਗਰਗ ਤੇ ਅੰਸ਼ੂਮਨ ਵਲੋਂ ਕੀਤਾ ਜਾ ਰਿਹਾ ਹੈ ਤੇ ਐਮ.ਐਲ.ਆਰ. ਕੱਟ ਕੇ ਸੰਬੰਧਿਤ ਥਾਣੇ ਨੂੰ ਭੇਜ ਦਿੱਤੀ ਗਈ ਹੈ।

ਤਹਿਸੀਲ ਦਫ਼ਤਰ ਵਿਖੇ ਈ.ਜੀ. ਰਜਿਸਟ੍ਰੇਸ਼ਨ ਦੇ ਕੰਮ ਦੀ ਸ਼ੁਰੂਆਤ

ਈ.ਜੀ. ਸੈਂਟਰ ਦਾ ਦੌਰਾ ਕਰਨ ਮੌਕੇ ਐਸ.ਡੀ.ਐਮ ਜਸ਼ਨਜੀਤ ਸਿੰਘ। ਤਸਵੀਰ: ਚਾਨਾ

ਫਗਵਾੜਾ, 27 ਨਵੰਬਰ (ਚਾਨਾ)-ਪੰਜਾਬ ਸਰਕਾਰ ਵਲੋਂ ਰਜਿਸਟਰੀਆਂ ਦੇ ਕੰਮ ਨੂੰ ਸੌਖਾ ਕਰਨ ਲਈ ਤਹਿਸੀਲ ਦਫ਼ਤਰ ਵਿਖੇ ਬਣੇ ਈ.ਜ਼ੀ ਰਜਿਸਟ੍ਰੇਸ਼ਨ ਵਰਕ ਦੇ ਕੰਮ ਦੀ ਸ਼ੁਰੂਆਤ ਹੋ ਗਈ ਹੈ। ਇਹ ਜਾਣਕਾਰੀ ਦਿੰਦੇ ਹੋਏ ਐਸ.ਡੀ.ਐਮ ਜਸ਼ਨਜੀਤ ਸਿੰਘ ਨੇ ਦੱਸਿਆ ਕਿ ਇਸ ਨਾਲ ਰਜਿਸਟਰੇਸ਼ਨ ਦੇ ਕੰਮ 'ਚ 45 ਮਿੰਟ ਦਾ ਸਮਾਂ ਲੱਗੇਗਾ ਤੇ ਰਜਿਸਟਰੀ 'ਚ ਦੇਰੀ ਵੀ ਨਹੀਂ ਹੋਵੇਗੀ। ਉਨ੍ਹਾਂ ਦੱਸਿਆ ਕਿ ਸੇਵਾ ਕੇਂਦਰ ਦੇ ਬਾਹਰ ਫ਼ੀਸ ਦਾ ਸ਼ਡਿਊਲ ਲਗਾਇਆ ਗਿਆ ਹੈ ਤਾਂ ਕਿ ਰਜਿਸਟ੍ਰੇਸ਼ਨ ਕਰਾਉਣ ਲਈ ਆਏ ਲੋਕਾਂ ਨੂੰ ਕੋਈ ਪ੍ਰੇਸ਼ਾਨ ਨਾ ਆਵੇ।

ਪਿੰਡ ਲੱਖਣ ਕਲਾਂ ਵਿਖੇ ਅਣਪਛਾਤੇ ਵਿਅਕਤੀ ਦੀ ਲਾਸ਼ ਬਰਾਮਦ

ਕਪੂਰਥਲਾ, 27 ਨਵੰਬਰ (ਅਮਨਜੋਤ ਸਿੰਘ ਵਾਲੀਆ)-ਪਿੰਡ ਲੱਖਣ ਕਲਾਂ ਵਿਖੇ ਦੋ ਰੁੱਖਾਂ ਜਗ੍ਹਾ ਨੇੜੇ ਇਕ ਇਕ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲੀ। ਇਸ ਸੰਬੰਧੀ ਥਾਣਾ ਸਦਰ ਦੇ ਏ.ਐਸ.ਆਈ. ਆਲਮਜੀਤ ਸਿੰਘ ਨੇ ਦੱਸਿਆ ਕਿ ਸੂਚਨਾ ਦੇ ਆਧਾਰ 'ਤੇ ਉਨ੍ਹਾਂ ਨੇ ਮੌਕੇ 'ਤੇ ਜਾ ਕੇ ਦੇਖਿਆ ਤਾਂ ਉਕਤ ਮ੍ਰਿਤਕ ਵਿਅਕਤੀ ਜਿਸ ਦੀ ਉਮਰ 40-45 ਸਾਲ ਜਾਪਦੀ ਹੈ, ਨੇ ਨੀਲੇ ਰੰਗ ਦੀ ਟੀ ਸ਼ਰਟ, ਕਾਲੇ ਰੰਗ ਦਾ ਪਜਾਮਾ ਪਾਇਆ ਹੋਇਆ ਹੈ ਤੇ ਸਿਰ ਤੋਂ ਮੋਨਾ ਹੈ। ਉਨ੍ਹਾਂ ਦੱਸਿਆ ਕਿ ਮ੍ਰਿਤਕ ਵਿਅਕਤੀ ਦੀ ਲਾਸ਼ ਨੂੰ ਕਬਜੇ ਵਿਚ ਲੈ ਕੇ ਸਿਵਲ ਹਸਪਤਾਲ ਦੇ ਮੁਰਦਾਘਰ ਵਿਖੇ ਰਖਵਾ ਦਿੱਤਾ ਗਿਆ ਹੈ ਅਤੇ ਮ੍ਰਿਤਕ ਵਿਅਕਤੀ ਦੀ ਪਹਿਚਾਣ ਲਈ ਪੁੱਛਗਿੱਛ ਕੀਤੀ ਜਾ ਰਹੀ ਹੈ।

ਮ੍ਰਿਤਕ ਵਿਅਕਤੀ ਦੀ ਫਾਈਲ ਤਸਵੀਰ।

ਰੇਲ ਗੱਡੀ ਦੀ ਲਪੇਟ 'ਚ ਆਉਣ ਨਾਲ ਬੱਚੇ ਦੀ ਮੌਤ

ਢਿਲਵਾਂ, 27 ਨਵੰਬਰ (ਪ੍ਰਵੀਨ ਕੁਮਾਰ, ਸੁਖੀਜਾ)-ਰੇਲਵੇ ਸਟੇਸ਼ਨ ਢਿਲਵਾਂ ਨਜ਼ਦੀਕ ਰੇਲ ਗੱਡੀ ਦੀ ਲਪੇਟ ਵਿਚ ਆਉਣ ਨਾਲ ਇਕ ਬੱਚੇ ਦੀ ਮੌਤ ਹੋ ਗਈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਰੇਲਵੇ ਪੁਲਿਸ ਢਿਲਵਾਂ ਦੇ ਇੰਚਾਰਜ ਏ.ਐਸ.ਆਈ. ਕੇਵਲ ਸਿੰਘ ਨੇ ਦੱਸਿਆ ਕਿ ਰੇਲਵੇ ਫਾਟਕ ਢਿਲਵਾਂ ਨਜ਼ਦੀਕ ਝੁੱਗੀਆਂ 'ਚ ਰਹਿ ਰਹੇ ਪ੍ਰਵਾਸੀ ਮਜ਼ਦੂਰ ਮਨੋਜ ਦਾ ਕਰੀਬ 12-13 ਸਾਲ ਦਾ ਲੜਕਾ ਸਰੀਫ਼ੀ ਜਦੋਂ ਰੇਲਵੇ ਸਟੇਸ਼ਨ ਢਿਲਵਾਂ ਨਜ਼ਦੀਕ ਰੇਲ ਲਾਈਨ ਪਾਰ ਕਰ ਰਿਹਾ ਸੀ ਤਾਂ ਰੇਲ ਗੱਡੀ ਦੀ ਲਪੇਟ ਵਿਚ ਆਉਣ ਨਾਲ ਉਸ ਦੀ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ ਘਟਨਾ ਦਾ ਪਤਾ ਚੱਲਦੇ ਹੀ ਉਹ ਮੌਕੇ 'ਤੇ ਪੁੱਜੇ ਤੇ ਮ੍ਰਿਤਕ ਦੇਹ ਨੂੰ ਆਪਣੇ ਕਬਜ਼ੇ ਵਿਚ ਲੈ ਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

69ਵੀਂ ਅੰਤਰ ਜ਼ਿਲ੍ਹਾ ਰੱਸਾਕਸ਼ੀ ਸਟੇਟ ਚੈਂਪੀਅਨਸ਼ਿਪ 'ਚ ਸਟੇਟ ਚੈਂਪੀਅਨ ਬਣੀ ਜ਼ਿਲ੍ਹਾ ਲੁਧਿਆਣਾ ਦੀ ਟੀਮ ਨੂੰ ਇਨਾਮ ਤਕਸੀਮ ਕਰਨ ਤੋਂ ਬਾਅਦ ਟੀਮ ਦੇ ਕੋਚ ਨੂੰ ਟਰਾਫ਼ੀ ਪ੍ਰਦਾਨ ਕਰਦੇ ਹੋਏ ਡੀ.ਐਮ. ਸਪੋਰਟਸ ਸੁਖਵਿੰਦਰ ਸਿੰਘ ਖੱਸਣ। ਤਸਵੀਰ ਵਿਚ ਪ੍ਰਿੰਸੀਪਲ ਮਨਜੀਤ ਸਿੰਘ ਹੈਬਤਪੁਰੀ ਤੇ ਹੋਰ। ਤਸਵੀਰ: ਤਿਲਕਰਾਜ

69ਵੀਂ ਅੰਤਰ ਜ਼ਿਲ੍ਹਾ ਰੱਸਾਕਸ਼ੀ ਸਟੇਟ ਚੈਂਪੀਅਨਸ਼ਿਪ 'ਚ ਜ਼ਿਲ੍ਹਾ ਲੁਧਿਆਣਾ ਦੀ ਟੀਮ ਚੈਂਪੀਅਨ ਬਣੀ

ਕਪੂਰਥਲਾ, 27 ਨਵੰਬਰ (ਅਮਰਜੀਤ ਕੋਮਲ)-69ਵੀਂ ਅੰਤਰ ਜ਼ਿਲ੍ਹਾ ਰੱਸਾਕਸ਼ੀ ਅੰਡਰ-14 ਸਾਲ ਲੜਕੀਆਂ ਦੀ ਗੁਰੂ ਨਾਨਕ ਸਟੇਡੀਅਮ ਕਪੂਰਥਲਾ ਵਿਚ ਕਰਵਾਈ ਗਈ ਸਟੇਟ ਚੈਂਪੀਅਨਸ਼ਿਪ ਵਿਚ ਜ਼ਿਲ੍ਹਾ ਲੁਧਿਆਣਾ ਜ਼ਿਲ੍ਹਾ ਮਾਨਸਾ ਦੀ ਟੀਮ ਨੂੰ ਹਰਾਕੇ ਸਟੇਟ ਚੈਂਪੀਅਨ ਬਣਿਆ, ਜਦਕਿ ਫ਼ਿਰੋਜ਼ਪੁਰ ਜ਼ਿਲ੍ਹਾ ਤੀਜੇ ਸਥਾਨ 'ਤੇ ਰਿਹਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੁਖਵਿੰਦਰ ਸਿੰਘ ਖੱਸਣ ਡੀ.ਐਮ. ਸਪੋਰਟਸ ਕਪੂਰਥਲਾ ਨੇ ਦੱਸਿਆ ਕਿ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਹਰਜਿੰਦਰ ਸਿੰਘ ਦੀ ਦੇਖ ਰੇਖ ਹੇਠ ਕਰਵਾਈ ਗਈ ਇਸ ਚੈਂਪੀਅਨਸ਼ਿਪ ਵਿਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਸੀਨੀਅਰ ਸੈਕੰਡਰੀ, ਹਾਈ ਤੇ ਮਿਡਲ ਸਕੂਲਾਂ ਦੇ

ਡੀ.ਐਮ. ਸਪੋਰਟਸ ਸੁਖਵਿੰਦਰ ਸਿੰਘ ਖੱਸਣ ਨੇ ਕੀਤਾ ਜੇਤੂ ਟੀਮ ਦਾ ਸਨਮਾਨ

ਵਿਦਿਆਰਥੀਆਂ ਨੇ ਭਾਗ ਲਿਆ। ਚੈਂਪੀਅਨਸ਼ਿਪ ਦੇ ਫਾਈਨਲ ਮੈਚ ਦੌਰਾਨ ਜ਼ਿਲ੍ਹਾ ਟੂਰਨਾਮੈਂਟ ਕਮੇਟੀ ਦੇ ਜਨਰਲ ਸਕੱਤਰ ਪ੍ਰਿੰਸੀਪਲ ਮਨਜੀਤ ਸਿੰਘ ਹੈਬਤਪੁਰੀ ਨੇ ਖਿਡਾਰਣਾਂ ਨੂੰ ਆਸ਼ੀਰਵਾਦ ਦਿੱਤਾ। ਚੈਂਪੀਅਨਸ਼ਿਪ ਨੂੰ ਸਫ਼ਲ ਬਣਾਉਣ ਵਿਚ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਗੁਰਚਰਨ ਸਿੰਘ ਚਾਹਲ, ਮੀਤ ਪ੍ਰਧਾਨ ਪ੍ਰਿੰਸੀਪਲ ਨਵਚੇਤਨ ਸਿੰਘ, ਅਬਜ਼ਰਵਰ ਫਿਜ਼ੀਕਲ ਲੈਕਚਰਾਰ ਰਾਜ ਖ਼ਾਨ ਪੱਟੀ, ਡੀ.ਪੀ.ਈ. ਅਮਰਜੀਤ ਸਿੰਘ ਫ਼ਿਰੋਜ਼ਪੁਰ, ਫਿਜ਼ੀਕਲ ਲੈਕਚਰਾਰ ਅਵਤਾਰ ਸਿੰਘ ਪੱਟੀ, ਫਿਜ਼ੀਕਲ ਲੈਕਚਰਾਰ ਸੁਰਜੀਤ ਸਿੰਘ ਬਿੰਦ, ਮੁਕੇਸ਼ ਚੌਧਰੀ, ਰਕੇਸ਼ ਕੁਮਾਰ ਸੈਦਪੁਰ, ਕੋਚ ਕੁਲਬੀਰ ਕਾਲੀ ਟਿੱਬਾ, ਡੀ.ਪੀ.ਈ. ਅਰਵਿੰਦਰ ਕੌਰ ਬਲੇਰਖਾਨਪੁਰ, ਜਗੀਰ ਸਿੰਘ, ਸਾਜਨ ਕੁਮਾਰ, ਪੀ.ਟੀ.ਆਈ. ਹਰਪ੍ਰੀਤ ਸਿੰਘ, ਜਤਿੰਦਰ ਸਿੰਘ ਸ਼ੈਲੀ ਨੇ ਵੀ ਵਿਸ਼ੇਸ਼ ਯੋਗਦਾਨ ਪਾਇਆ।

ਕੋਠੀ ਦੇ ਤਾਲੇ ਤੋੜ ਕੇ ਲੱਖਾਂ ਦੇ ਗਹਿਣੇ ਤੇ 3 ਲੱਖ ਦੀ ਨਕਦੀ ਚੋਰੀ

ਕਪੂਰਥਲਾ, 27 ਨਵੰਬਰ (ਸਡਾਨਾ)-ਅਰਬਨ ਅਸਟੇਟ ਫੇਸ 2 ਦੀ ਇਕ ਕੋਠੀ 'ਚੋਂ ਅਣਪਛਾਤੇ ਚੋਰ ਨਕਦੀ ਅਤੇ ਗਹਿਣੇ ਚੋਰੀ ਕਰਕੇ ਫਰਾਰ ਹੋ ਗਏ। ਜਿਸ ਸਬੰਧੀ ਥਾਣਾ ਸਿਟੀ ਪੁਲਿਸ ਨੇ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ। ਆਪਣੀ ਸ਼ਿਕਾਇਤ ਵਿਚ ਸੁਖਦੇਵ ਸਿੰਘ ਵਾਸੀ ਅਰਬਨ ਅਸਟੇਟ ਫੇਸ 2 ਨੇ ਦੱਸਿਆ ਕਿ ਉਹ ਰੇਲ ਕੋਚ ਫੈਕਟਰੀ ਵਿਖੇ ਨੌਕਰੀ ਕਰਦਾ ਹੈ ਤੇ ਉਸ ਦੀ ਪਤਨੀ ਵੀ ਸਰਕਾਰੀ ਸਕੂਲ ਵਿਖੇ ਅਧਿਆਪਕਾ ਹੈ, ਸ਼ਿਕਾਇਤਕਰਤਾ ਅਨੁਸਾਰ ਬੀਤੇ ਦਿਨ ਉਹ ਦੋਵੇਂ ਪਤੀ ਪਤਨੀ ਰੋਜ਼ਾਨਾ ਵਾਂਗ ਕੋਠੀ ਨੂੰ ਤਾਲਾ ਲਗਾ ਕੇ ਆਪਣੀ ਨੌਕਰੀ 'ਤੇ ਚਲੇ ਗਏ ਤੇ ਜਦੋਂ ਦੁਪਹਿਰ ਕਰੀਬ ਸਾਢੇ 3 ਵਜੇ ਉਸ ਦੀ ਪਤਨੀ ਘਰ ਆਈ ਤਾਂ ਉਸ ਨੇ ਦੇਖਿਆ ਕਿ ਦਰਵਾਜੇ ਦਾ ਤਾਲਾ ਟੁੱਟਾ ਹੋਇਆ ਹੈ ਅਤੇ ਕਮਰੇ ਦੇ ਅੰਦਰ ਅਲਮਾਰੀਆਂ ਦੇ ਤਾਲੇ ਵੀ ਟੁੱਟੇ